ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

**ਖੇਤੀਬਾੜੀ ਵਿਭਾਗ ਮੋਗਾ ਵੱਲੋਂ ਬੀਤੇ ਸਾਲ ਦੌਰਾਨ 5432 ਮਿੱਟੀ ਅਤੇ 894 ਪਾਣੀ ਦੇ ਸੈਂਪਲ ਟੈਸਟ ਕੀਤੇ ਗਏ-ਸੰਧੂ**

- **ਕਿਸਾਨਾਂ ਨੂੰ ਖੇਤੀ ਮਾਹਿਰਾਂ ਦੀ ਰਾਇ ਅਨੁਸਾਰ ਹੀ ਖਾਦਾਂ ਅਤੇ ਕੀੜੇ-ਮਾਰ ਦਵਾਈਆਂ ਦੀ ਵਰਤੋਂ ਕਰਨੀ ਚਾਹੀਦੀ ਹੈ**
- **ਸੰਯੁਕਤ ਡਾਇਰੈਕਟਰ ਖੇਤੀਬਾੜੀ ਵਿਭਾਗ ਨੇ ਕਿਸਾਨਾਂ ਨੂੰ ਯੂਨੀਵਰਸਿਟੀ ਦੀਆਂ ਨਵੀਆਂ ਖੋਜਾਂ ਨੂੰ ਅਪਨਾਉਣ ਦੀ ਲੋੜ 'ਤੇ ਦਿੱਤਾ ਜ਼ੋਰ**

**ਕਿਸਾਨ ਵੀਰ ਹਮੇਸ਼ਾ ਖੇਤੀਬਾੜੀ ਵਿਭਾਗ ਨਾਲ ਤਾਲਮੇਲ ਰੱਖਣ-ਡਾ: ਸੁਖਦੇਵ ਸਿੰਘ ਬਰਾੜ**

**ਰਾਸ਼ਟਰੀ ਕ੍ਰਿਸ਼ੀ ਵਿਕਾਸ ਯੋਜਨਾ ਸਕੀਮ ਅਧੀਨ ਸਾਲ 2015-16 ਦੌਰਾਨ 1107.65 ਕੁਇੰਟਲ ਕਣਕ ਦਾ ਬੀਜ ਉਪਦਾਨ 'ਤੇ ਕਿਸਾਨਾਂ ਨੂੰ ਦਿੱਤਾ ਗਿਆ**

- **ਹਰ ਖੇਤੀ ਸਮੱਗਰੀ ਖ੍ਰੀਦਣ ਸਮੇਂ ਕਿਸਾਨ ਪੱਕਾ ਬਿੱਲ ਜ਼ਰੂਰ ਪ੍ਰਾਪਤ ਕਰਨ - ਡਾ: ਜਸਵਿੰਦਰ ਸਿੰਘ ਬਰਾੜ**

ਮੋਗਾ 5 ਅਪ੍ਰੈਲ:

ਕਿਸਾਨਾਂ ਨੂੰ ਖੇਤੀਬਾੜੀ ਯੂਨੀਵਰਸਿਟੀ ਅਤੇ ਖੇਤੀਬਾੜੀ ਵਿਭਾਗ ਦੇ ਮਾਹਿਰਾਂ ਦੀ ਰਾਇ ਅਨੁਸਾਰ ਹੀ ਖਾਦਾਂ ਅਤੇ ਕੀੜੇ-ਮਾਰ ਦਵਾਈਆਂ ਦੀ ਹੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਅੰਧਾ-ਧੁੰਦ ਤੇ ਬੇਲੋੜੀਆਂ ਕੀਟ-ਨਾਸ਼ਕ ਦਵਾਈਆਂ ਦੀ ਵਰਤੋਂ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।

ਇਹ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ, ਮੋਗਾ ਅਰਵਿੰਦ ਪਾਲ ਸਿੰਘ ਸੰਧੂ ਨੇ ਅੱਜ ਖੇਤੀਬਾੜੀ ਵਿਭਾਗ ਮੋਗਾ ਵੱਲੋਂ ਸਥਾਨਕ ਸ਼ਹੀਦ ਨਛੱਤਰ ਸਿੰਘ ਯਾਦਗਾਰੀ ਹਾਲ ਵਿਖੇ ਸਾਉਣੀ ਦੀਆਂ ਫ਼ਸਲਾਂ ਅਤੇ ਫ਼ਸਲੀ ਵਿਭਿੰਨਤਾ ਸਬੰਧ ਕਿਸਾਨਾਂ ਨੂੰ ਨਵੀਨਤਮ ਤਕਨੀਕੀ ਜਾਣਕਾਰੀ ਦੇਣ ਲਈ ਲਗਾਏ ਗਏ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਦਾ ਉਦਘਾਟਨ ਕਰਦਿਆਂ ਕੀਤਾ। ਇਸ ਕੈਂਪ ਦੀ ਪ੍ਰਧਾਨਗੀ ਸੰਯੁਕਤ ਡਾਇਰੈਕਟਰ ਖੇਤੀਬਾੜੀ ਡਾ: ਰਜਿੰਦਰ ਸਿੰਘ ਬਰਾੜ ਨੇ ਕੀਤੀ।

ਸ. ਸੰਧੂ ਨੇ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਖੇਤੀਯੋਗ ਜ਼ਮੀਨ ਦੀ ਮਿੱਟੀ ਅਤੇ ਪਾਣੀ ਦਾ ਟੈਸਟ ਕਰਾਉਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਿਭਾਗ ਮੋਗਾ ਵੱਲੋਂ ਬੀਤੇ ਸਾਲ ਦੌਰਾਨ 5432 ਮਿੱਟੀ ਅਤੇ 894 ਪਾਣੀ ਦੇ ਸੈਂਪਲ ਟੈਸਟ ਕੀਤੇ ਗਏ। ਉਨ੍ਹਾਂ ਕਿਹਾ ਕਿ ਪਹਿਲਾਂ ਕਿਸਾਨ ਆਪਣੀ ਜ਼ਮੀਨ ਦੀ ਸਿਹਤ ਸਬੰਧੀ ਜਾਣਕਾਰੀ ਪ੍ਰਾਪਤ ਕਰੇ ਅਤੇ ਫਿਰ ਹੀ ਖਾਦਾਂ ਦੀ ਵਰਤੋਂ ਕਰਨ। ਉਨ੍ਹਾਂ ਕਿਸਾਨਾਂ ਨੂੰ ਖੇਤੀਬਾੜੀ ਯੂਨੀਵਰਸਿਟੀ ਤੋਂ ਪ੍ਰਮਾਨਿਤ ਬੀਜ ਹੀ ਵਰਤੋਂ 'ਚ ਲਿਆਉਣ ਲਈ ਕਿਹਾ। ਉਨ੍ਹਾਂ ਕਿਸਾਨਾਂ ਨੂੰ ਆਪਣੇ ਘਰ ਦੀ ਜ਼ਰੂਰਤ ਅਨੁਸਾਰ ਸਬਜ਼ੀਆਂ, ਫਲ ਅਤੇ ਕਣਕ ਦੀ ਪੈਦਾਵਾਰ ਕਿਸੇ ਵੀ ਰਸਾਇਣਕ ਖਾਦ ਦੀ ਵਰਤੋਂ ਬਗੈਰ ਕਰਨ ਲਈ ਕਿਹਾ।

ਇਸ ਮੌਕੇ ਸੰਯੁਕਤ ਡਾਇਰੈਕਟਰ ਖੇਤੀਬਾੜੀ ਵਿਭਾਗ, ਪੰਜਾਬ ਡਾ: ਰਜਿੰਦਰ ਸਿੰਘ ਨੇ ਕਿਹਾ ਕਿ ਸੂਬੇ 'ਚ ਬਦਲਦੇ ਮੌਸਮ ਦਾ ਖੇਤੀ ਉੱਤੇ ਬਹੁਤ ਅਸਰ ਪੈਂਦਾ ਹੈ, ਇਸ ਲਈ ਉਨ੍ਹਾਂ ਕਿਸਾਨਾਂ ਨੂੰ ਯੂਨੀਵਰਸਿਟੀ ਦੀਆਂ ਨਵੀਆਂ ਖੋਜਾਂ ਨੂੰ ਅਪਨਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਹਮੇਸ਼ਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਤੇ ਖੇਤੀਬਾੜੀ ਵਿਭਾਗ ਦੇ ਮਾਹਿਰਾਂ ਨਾਲ ਤਾਲਮੇਲ ਰੱਖਣਾ ਚਾਹੀਦਾ ਹੈ ਉਨ੍ਹਾਂ ਕਿਸਾਨਾਂ ਨੂੰ ਖੇਤੀ ਖਰਚੇ ਘਟਾਉਣ, ਘੱਟ ਖਾਦ ਤੇ ਕੀੜੇਮਾਰ ਦਵਾਈਆਂ ਵਰਤ ਕੇ ਵੱਧ ਲਾਹਾ ਪ੍ਰਾਪਤ ਕਰਨ ਲਈ ਵੀ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਕਿਸਾਨ ਆਪਣੀਆਂ ਫ਼ਸਲਾਂ 'ਤੇ ਬੇਲੋੜੀਆਂ ਜ਼ਹਿਰਾਂ ਤੇ ਖਾਦਾਂ ਦੀ ਵਰਤੋਂ ਨਾ ਕਰਨ।

ਮੁੱਖ ਖੇਤੀਬਾੜੀ ਅਫਸਰ, ਮੋਗਾ ਡਾ: ਸੁਖਦੇਵ ਸਿੰਘ ਬਰਾੜ ਨੇ ਜੀ ਆਇਆਂ ਕਹਿੰਦਿਆਂ ਕਿਹਾ ਕਿ ਖੇਤੀਬਾੜੀ ਵਿਭਾਗ ਹਮੇਸ਼ਾ ਹੀ ਕਿਸਾਨਾਂ ਦੀ ਸੇਵਾ 'ਚ ਤੱਤਪਰ ਹੈ ਅਤੇ ਕਿਸਾਨਾਂ ਨੂੰ ਉਚ ਮਿਆਰ ਦੀਆਂ ਦਵਾਈਆਂ, ਖਾਦਾਂ ਤੇ ਬੀਜ ਉਪਲਬੱਧ ਕਰਵਾਉਣਾ ਵਿਭਾਗ

ਦਾ ਮੁੱਖ ਮੰਤਵ ਹੈ। ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਿਭਾਗ ਮੋਗਾ ਦੇ ਅਧਿਕਾਰੀਆਂ ਵੱਲੋਂ ਸਾਲ 2015-16 ਦੌਰਾਨ 144 ਖਾਦ, 210 ਕੀਟ-ਨਾਸ਼ਕ ਦਵਾਈਆਂ ਅਤੇ 230 ਬੀਜਾਂ ਦੇ ਸੈਂਪਲ ਲਏ ਗਏ। ਇੰਨ੍ਹਾਂ ਸੈਂਪਲਾਂ ਵਿਚੋਂ 1 ਖਾਦ, 6 ਕੀਟਨਾਸ਼ਕ ਦਵਾਈਆਂ ਤੇ 13 ਬੀਜ ਦੇ ਸੈਂਪਲ ਮਿਸ ਬਰਾਂਡਡ ਪਾਏ ਗਏ ਅਤੇ ਇਨ੍ਹਾਂ ਫਰਮਾਂ ਵਿਰੁੱਧ ਐਕਟ ਅਨੁਸਾਰ ਕਾਰਵਾਈ ਚੱਲ ਰਹੀ ਹੈ। ਰਾਸ਼ਟਰੀ ਕ੍ਰਿਸ਼ੀ ਵਿਕਾਸ ਯੋਜਨਾ ਅਤੇ ਕੌਮੀ ਅੰਨ ਸੁਰੱਖਿਆ ਮਿਸ਼ਨ (ਦਾਲਾਂ ਸਕੀਮ) ਜ਼ਿਲ੍ਹੇ ਵਿਚ ਚੱਲ ਰਹੀ ਹੈ। ਉਨ੍ਹਾਂ ਦੱਸਿਆ ਕਿ ਰਾਸ਼ਟਰੀ ਕ੍ਰਿਸ਼ੀ ਵਿਕਾਸ ਯੋਜਨਾ ਸਕੀਮ ਅਧੀਨ ਸਾਲ 2015-16 ਦੌਰਾਨ 1107.65 ਕੁਇੰਟਲ ਕਣਕ ਦਾ ਬੀਜ ਉਪਦਾਨ 'ਤੇ ਕਿਸਾਨਾਂ ਨੂੰ ਦਿੱਤਾ ਗਿਆ। ਇਸੇ ਤਰ੍ਹਾਂ 306 ਰੋਟਾਵੇਟਰ, 79 ਸੀਡ ਡਰਿੱਲ, 27 ਲੇਜ਼ਰ ਲੈਂਡ ਲੈਵਲਰ, 200 ਪਾਵਰ ਸਪਰੇਅ ਪੰਪ, 7 ਪੈਡੀਟਰਾਂਸਪਲਾਂਟਰ ਉਪਦਾਨ 'ਤੇ ਕਿਸਾਨਾਂ ਨੂੰ ਦਿੱਤੇ ਗਏ, ਜਦ ਕਿ 4500 ਲਿਟਰ ਟਿਲਟ ਦਵਾਈ 50 ਫੀਸਦੀ ਉਪਦਾਨ 'ਤੇ ਕਿਸਾਨਾਂ ਨੂੰ ਮੁਹੱਈਆ ਕਰਵਾਈ ਗਈ ਹੈ। ਕੌਮੀ ਅੰਨ ਸੁਰੱਖਿਆ ਮਿਸ਼ਨ ਸਕੀਮ ਅਧੀਨ 137 ਕੁਇੰਟਲ ਮੂੰਗੀ ਦੀ ਫ਼ਸਲ ਦਾ ਬੀਜ ਕਿਸਾਨਾਂ ਨੂੰ ਉਪਦਾਨ 'ਤੇ ਦਿੱਤਾ ਗਿਆ ਹੈ। 2015-16 ਦੌਰਾਨ 170 ਕਿਸਾਨ ਸਿਖਲਾਈ ਕੈਂਪ ਲਗਾਏ ਗਏ, ਜਿਨ੍ਹਾਂ ਵਿੱਚ 9800 ਦੇ ਕਰੀਬ ਕਿਸਾਨਾਂ ਨੇ ਸ਼ਮੂਲੀਅਤ ਕੀਤੀ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਆਰੰਭੀ ਮੁਹਿੰਮ ਤਹਿਤ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਖੇਤਾਂ, ਘਰਾਂ, ਰਸਤਿਆਂ ਅਤੇ ਵੀਰਾਨ ਪਈਆਂ ਥਾਵਾਂ ਤੋਂ ਨਦੀਨਾਂ ਦਾ ਮੁਕੰਮਲ ਖਾਤਮਾ ਕਰਨ ਲਈ ਅੱਗੇ ਆਉਣ, ਤਾਂ ਜੋ ਆਉਣ ਵਾਲੀ ਸਾਉਣੀ ਦੀ ਫ਼ਸਲ 'ਤੇ ਹਮਲਾ ਕਰਨ ਵਾਲੇ ਕੀੜਿਆਂ ਮਕੌੜਿਆਂ ਦਾ ਖਾਤਮਾ ਕੀਤਾ ਜਾ ਸਕੇ। ਉਨ੍ਹਾਂ ਕਿਸਾਨਾਂ ਵੀਰਾਂ ਨੂੰ ਹਮੇਸ਼ਾ ਖੇਤੀਬਾੜੀ ਵਿਭਾਗ ਨਾਲ ਤਾਲਮੇਲ ਬਣਾ ਕੇ ਰੱਖਣ ਦੀ ਵੀ ਅਪੀਲ ਕੀਤੀ।

ਡਾ: ਜਸਵਿੰਦਰ ਸਿੰਘ ਬਰਾੜ ਨੇ ਕਿਸਾਨਾਂ ਵੱਲੋਂ ਦਵਾਈ ਨਾਲ ਚਿੱਟੀ ਮੱਖੀ ਨਾ ਮਰਨ ਸਬੰਧੀ ਪੁੱਛੇ ਗਏ ਸਵਾਲਾਂ ਦਾ ਜਵਾਬ ਦਿੰਦਿਆਂ ਕਿਹਾ ਕਿ ਸਰਕਾਰ ਵੱਲੋਂ ਖ਼ਰੀਦੀ ਗਈ ਬਾਇਰ ਕੰਪਨੀ ਦੀ ਉਬਰੇਨ ਦਵਾਈ ਦੇ ਵੱਖ-ਵੱਖ ਏਜੰਸੀਆਂ ਤੇ ਕੇਂਦਰ ਸਰਕਾਰ ਵੱਲੋ ਭਰੇ ਗਏ ਸਾਰੇ ਸੈਂਪਲ ਪਾਸ ਪਾਏ ਗਏ, ਇਸ ਲਈ ਇਸ ਦਵਾਈ ਨੂੰ ਨਕਲੀ ਤੇ ਘਟੀਆ ਕਹਿਣਾ ਬਿੱਲਕੁਲ ਗਲਤ ਹੈ। ਉਨ੍ਹਾਂ ਕਿਸਾਨਾਂ ਵੱਲੋਂ ਕੁਆਲਟੀ ਕੰਟਰੋਲ ਬਾਰੇ ਪੁੱਛੇ ਗਏ ਸਵਾਲਾਂ ਦਾ ਜਵਾਬ ਦਿੰਦਿਆਂ ਉਨ੍ਹਾਂ ਦੀ ਸਤੁੰਸ਼ਟੀ ਕਰਵਾਈ ਅਤੇ ਕਿਹਾ ਕਿ ਹਰ ਖੇਤੀ ਸਮੱਗਰੀ ਖ਼ਰੀਦਣ ਸਮੇਂ ਕਿਸਾਨ ਪੱਕਾ ਬਿੱਲ ਜ਼ਰੂਰ ਪ੍ਰਾਪਤ ਕਰਨ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਤੋਂ ਮਾਹਿਰਾਂ ਦੀ ਟੀਮ ਵਿੱਚ ਆਏ ਡਾ: ਰੁਪਿੰਦਰ ਕੌਰ ਨੇ ਸਾਉਣੀ ਦੀ ਫਸਲ ਦੀਆਂ ਨਵੀਆਂ ਕਿਸਮਾਂ ਅਤੇ ਉਨ੍ਹਾਂ ਦੀ ਬਿਜਾਈ, ਡਾ: ਰੁਪਿੰਦਰ ਸਿੰਘ ਨੇ ਫਸਲਾਂ ਵਿੱਚ ਖਾਦਾਂ ਦੀ ਮਹੱਤਤਾ ਅਤੇ ਸੁੱਚਜੀ ਵਰਤੋਂ, ਡਾ: ਚਰਨਜੀਤ ਸਿੰਘ ਔਲਖ ਨੇ ਫਸਲਾਂ ਦੇ ਬੀਜਣ ਦਾ ਸਮਾਂ ਅਤੇ ਉਨ੍ਹਾਂ ਦੀ ਸੰਭਾਲ, ਡਾ: ਜਗਦੇਵ ਸਿੰਘ ਕੁਲਾਰ ਨੇ ਫਸਲਾਂ ਦੇ ਕੀੜੇ-ਮਕੌੜੇ, ਡਾ: ਚੰਦਰ ਮੋਹਨ ਨੇ ਫ਼ਸਲਾਂ ਦੀਆਂ ਬਿਮਾਰੀਆਂ, ਡਾ: ਅਮਨਪ੍ਰੀਤ ਨੇ ਸਾਉਣੀ ਦੀਆਂ ਫ਼ਸਲਾਂ ਦੇ ਨਦੀਨਾਂ, ਡਾ: ਹਰਸਿਮਰਨਜੀਤ ਕੌਰ ਨੇ ਮੰਡੀਕਰਨ ਤੇ ਲੇਖੇ-ਜੋਖੇ ਅਤੇ ਡਾ: ਪਰਮਿੰਦਰ ਕੌਰ ਕੇ ਕ੍ਰਿਸ਼ੀ ਵਿਗਿਆਨ ਕੇਂਦਰ ਬੁੱਧ ਸਿੰਘ ਵਾਲਾ ਵਿਖੇ ਲਗਾਏ ਜਾ ਰਹੇ ਟਰੇਨਿੰਗ ਪ੍ਰੋਗਰਾਮਾਂ ਸਬੰਧੀ ਜਾਣਕਾਰੀ ਦਿੱਤੀ। ਰਮੇਸ਼ ਭੱਟੀ ਇੰਸਪੈਕਟਰ ਨਾਪ ਤੋਲ ਅਤੇ ਡਾ: ਮਨਜੋਤ ਕੌਰ ਮੱਛੀ ਪਾਲਣ ਵਿਭਾਗ, ਡਾ: ਹਰਲੀਨ ਕੌਰ ਨੇ ਕਿਸਾਨਾਂ ਨੂੰ ਆਪਣੇ-ਆਪਣੇ ਵਿਭਾਗ ਦੀ ਕਾਰਗੁਜ਼ਾਰੀ ਬਾਰੇ ਜਾਣਕਾਰੀ ਦਿੱਤੀ। ਇਸ ਕਿਸਾਨ ਮੇਲੇ ਵਿਚ ਤਰਸੇਮ ਸਿੰਘ ਰੱਤੀਆਂ ਚੇਅਰਮੈਨ ਮਾਰਕੀਟ ਕਮੇਟੀ, ਬੂਟਾ ਸਿੰਘ ਦੌਲਤਪੁਰਾ ਅਤੇ ਭਾਰੀ ਗਿਣਤੀ ਵਿੱਚ ਕਿਸਾਨਾਂ ਨੇ ਸ਼ਮੂਲੀਅਤ ਕੀਤੀ। ਇਸ ਕਿਸਾਨ ਸਿਖਲਾਈ ਕੈਂਪ ਵਿੱਚ ਸਟੇਜ ਦਾ ਸੰਚਾਲਨ ਡਾ: ਕੁਲਦੀਪ ਸਿੰਘ ਬੁੱਟਰ ਨੇ ਬਾਖੂਬੀ ਨਿਭਾਇਆ। ਇਸ ਸਮੇਂ ਖੇਤੀਬਾੜੀ ਨਾਲ ਸਬੰਧਿਤ ਵਿਭਾਗਾਂ ਦੇ ਅਧਿਕਾਰੀ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਡਾ: ਰਛਪਾਲ ਸਿੰਘ, ਡਾ: ਜਰਨੈਲ ਸਿੰਘ, ਡਾ: ਮਨਜੀਤ ਸਿੰਘ, ਡਾ: ਸੁਖਦੇਵ ਸਿੰਘ, ਡਾ: ਕੁਲਵਿੰਦਰ ਸਿੰਘ, ਡਾ: ਸੁਖਰਾਜ ਕੌਰ, ਡਾ: ਨਵਦੀਪ ਸਿੰਘ, ਡਾ: ਗੁਰਪ੍ਰੀਤ ਸਿੰਘ, ਡਾ: ਤਰਨਜੀਤ ਸਿੰਘ, ਡਾ: ਗੁਰਮਿੰਦਰ ਸਿੰਘ, ਡਾ: ਬਲਵਿੰਦਰ ਸਿੰਘ ਪ੍ਰੋਜੈਕਟ ਡਾਇਰੈਕਟਰ ਆਤਮਾ ਤੋਂ ਇਲਾਵਾ ਆਤਮਾ ਸਟਾਫ਼, ਸਮੂਹ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਅਤੇ ਕ੍ਰਮਚਾਰੀ ਹਾਜ਼ਰ ਸਨ।

-----------------

ਨੰ: ਪੀ.ਆਰ(ਪ੍ਰੈ ਰੀ)2016/170


ਖੇਤੀਬਾੜੀ ਵਿਭਾਗ, ਪੰਜਾਬ ਜ਼ਿਲ੍ਹਾ ਮੋਗਾ
ਸਾਉਣੀ ਦੀਆਂ ਫਸਲਾਂ ਸਬੰਧੀ
ਕਿਸਾਨ ਸਿਖਲਾਈ ਕੈਂਪ


ਖੇਤੀਬਾੜੀ ਵਿਭਾਗ, ਪੰਜਾਬ ਜ਼ਿਲ੍ਹਾ ਮੋਗਾ
ਸਾਉਣੀ ਦੀਆਂ ਫਸਲਾਂ ਸਬੰਧੀ
ਕਿਸਾਨ ਸਿਖਲਾਈ ਕੈਂਪ






ਸਾਉਣੀ ਦੀਆਂ ਫਸਲਾਂ ਸਬੰਧੀ
ਕਿਸਾਨ ਸਿਖਲਾਈ ਕੈਂਪ
ਖੇਤੀਬਾੜੀ
ਵਿਭਾਗ
ਮੋਗਾ,
ਪੰਜਾਬ